ਰਾਗੁ ਆਸਾ ਘਰੁ ੫ ਮਹਲਾ ੫ ੴ ਸਤਿਗੁਰ ਪ੍ਰਸਾਦਿ ॥ ਭ੍ਰਮ ਮਹਿ ਸੋਈ ਸ ਗਲ ਜਗਤ ਧੰਧ ਅੰਧ ॥ ਕੋਊ ਜਾਗੈ ਹਰਿ ਜਨੁ ॥੧॥ ਮਹਾ ਮੋਹਨੀ ਮਗਨ ਪ੍ਰਿਅ ਪ੍ਰੀਤਿ ਪ੍ਰਾਨ ॥ ਕੋਊ ਤਿਆਗੈ ਵਿਰਲਾ ॥੨॥ ਚਰਨ ਕਮਲ ਆਨੂਪ ਹਰਿ ਸੰਤ ਮੰਤ ॥ ਕੋਊ ਲਾਗੈ ਸਾਧੂ ॥ ੩॥ ਨਾਨਕ ਸਾਧੂ ਸੰਗਿ ਜਾਗੇ ਗਿਆਨ ਰੰਗਿ ॥ ਵਡਭਾਗੇ ਕਿਰਪਾ ॥੪॥੧॥੩੯॥ {ਪੰਨਾ 380}

ਪਦਅਰਥ:- ਭ੍ਰਮ—ਭਟਕਣ। ਸੋਈ—ਸੁੱਤੀ ਹੋਈ। ਸਗਲ—ਸਾਰੀ (ਲੁਕਾਈ)। ਅੰਧ—ਅੰਨ੍ਹੀ। ਕੋਊ—ਕੋਈ ਵਿਰਲਾ।1।

ਮੋਹਨੀ—ਮਨ ਨੂੰ ਮੋਹ ਲੈਣ ਵਾਲੀ ਮਾਇਆ। ਮਗਨ—ਮਸਤ। ਪ੍ਰਿਅ—ਪਿਆਰੀ। ਪ੍ਰਾਨ—ਜਿੰਦ।2।

ਆਨੂਪ—ਸੁੰਦਰ। ਮੰਤ—ਉਪਦੇਸ਼। ਸਾਧੂ—ਗੁਰਮੁਖਿ ਮਨੁੱਖ।3।

ਸੰਗਿ—ਸੰਗਤਿ ਵਿਚ। ਸਾਧੂ—ਗੁਰੂ। ਰੰਗਿ—ਰੰਗ ਵਿਚ।4।

ਅਰਥ:- (ਹੇ ਭਾਈ!) ਜਗਤ ਦੇ ਧੰਧਿਆਂ ਵਿਚ ਅੰਨ੍ਹੀ ਹੋਈ ਹੋਈ ਸਾਰੀ ਲੁਕਾਈ ਮਾਇਆ ਦੀ ਭਟਕਣਾ ਵਿਚ ਸੁੱਤੀ ਹੋਈ ਹੈ। ਕੋਈ ਵਿਰਲਾ ਪਰਮਾਤਮਾ ਦਾ ਭਗਤ (ਇਸ ਮੋਹ ਦੀ ਨੀਂਦ ਵਿਚੋਂ) ਜਾਗ ਰਿਹਾ ਹੈ।1।

(ਹੇ ਭਾਈ!) ਮਨ ਨੂੰ ਮੋਹ ਲੈਣ ਵਾਲੀ ਬਲੀ ਮਾਇਆ ਵਿਚ ਲੁਕਾਈ ਮਸਤ ਪਈ ਹੈ, (ਮਾਇਆ ਨਾਲ ਇਹ) ਪ੍ਰੀਤ ਜਿੰਦ ਨਾਲੋਂ ਭੀ ਪਿਆਰੀ ਲੱਗ ਰਹੀ ਹੈ। ਕੋਈ ਵਿਰਲਾ ਮਨੁੱਖ (ਮਾਇਆ ਦੀ ਇਸ ਪ੍ਰੀਤਿ ਨੂੰ) ਛੱਡਦਾ ਹੈ।2।

(ਹੇ ਭਾਈ!) ਪਰਮਾਤਮਾ ਦੇ ਸੋਹਣੇ ਸੁੰਦਰ ਚਰਨਾਂ ਵਿਚ, ਸੰਤ ਜਨਾਂ ਦੇ ਉਪਦੇਸ਼ ਵਿਚ, ਕੋਈ ਵਿਰਲਾ ਗੁਰਮੁਖਿ ਮਨੁੱਖ ਚਿੱਤ ਜੋੜਦਾ ਹੈ।3।

ਹੇ ਨਾਨਕ! ਕੋਈ ਭਾਗਾਂ ਵਾਲਾ ਮਨੁੱਖ ਜਿਸ ਉਤੇ ਪ੍ਰਭੂ ਦੀ ਕਿਰਪਾ ਹੋ ਜਾਏ, ਗੁਰੂ ਦੀ ਸੰਗਤਿ ਵਿਚ ਆ ਕੇ (ਗੁਰੂ ਦੇ ਬਖ਼ਸ਼ੇ) ਗਿਆਨ ਦੇ ਰੰਗ ਵਿਚ (ਰੰਗੀਜ ਕੇ, ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗਦਾ ਰਹਿੰਦਾ ਹੈ।4।1। 39।

ਨੋਟ:- ‘ਘਰੁ 5’ ਦਾ ਇਹ ਪਹਿਲਾ ਸ਼ਬਦ ਹੈ। ਮਹਲਾ 5 ਦੇ ਕੁਲ ਸ਼ਬਦ 39 ਆ ਚੁਕੇ ਹਨ।